ਨੰਬਰ:14/35/17-1ਪੀਪੀ3/1022

**ਪੰਜਾਬ ਸਰਕਾਰ**

**ਪ੍ਰਸੋਨਲ ਵਿਭਾਗ**

**(ਪੀ.ਪੀ.3 ਸ਼ਾਖਾ)**

ਮਿਤੀ, ਚੰਡੀਗੜ੍ਹ : 20-9-2021

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀ,
ਡਵੀਜਨਾਂ ਦੇ ਕਮਿਸ਼ਨਰਜ਼, ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ਼ ਅਤੇ
ਸਬ-ਡਵੀਜ਼ਨਲ ਮੈਜ਼ਿਸਟਰੇਟ, ਪੰਜਾਬ ।

ਵਿਸ਼ਾ- ਬਲਾਕ/ਤਹਿਸੀਲ/ਜਿਲ੍ਹਾ ਅਤੇ ਰਾਜ ਪੱਧਰ ਤੇ ਸਰਕਾਰੀ ਦਫਤਰਾਂ ਦੇ ਕਰਮਚਾਰੀਆਂ ਦਾ ਸਮੇਂ-ਸਮੇਂ ਤੇ ਨਿਰੀਖਣਾਂ ਨੂੰ ਜਰੂਰੀ ਬਣਾਉਣ ਅਤੇ ਦਫਤਰੀ ਕੰਮ-ਕਾਜ਼ ਵਿਚ ਪਾਰਦਰਸ਼ਤਾ ਲਿਆਉਣ ਬਾਰੇ।

ਸ੍ਰੀਮਾਨ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਮਾਨਯੋਗ ਮੁੱਖ ਮੰਤਰੀ ਪੰਜਾਬ ਜੀ ਵੱਲੋਂ ਮੈਨੂੰ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਰਾਜ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਦਾ ਸਵੇਰੇ ਸਹੀ 9.00 ਵਜੇ ਆਪਣੇ-ਆਪਣੇ ਦਫਤਰਾਂ ਵਿੱਚ ਹਾਜਰ ਹੋਣਾ ਯਕੀਨੀ ਬਣਾਉਣ ਅਤੇ ਸ਼ਾਮ ਨੂੰ ਦਫਤਰੀ ਸਮੇਂ ਤੱਕ ਦਫਤਰ ਵਿਖੇ ਹਾਜਰ ਹੋਣਾ ਯਕੀਨੀ ਬਣਾਉਣ ਲਈ ਸਮੂਹ ਪ੍ਰਬੰਧਕੀ ਸਕੱਤਰ/ਵਿਭਾਗਾਂ ਦੇ ਮੁਖੀ ਹਫਤੇ ਵਿੱਚ ਘੱਟੋ-ਘੱਟ 2 ਵਾਰ ਆਪਣੇ ਅਧੀਨ ਕੰਮ ਕਰਦੇ ਕਰਮਚਾਰੀਆਂ/ਅਫਸਰਾਂ ਦੀ ਹਾਜਰੀ ਅਚਨਚੇਤ ਚੈਕ ਕਰਨਗੇ ਅਤੇ ਇਸ ਦੇ ਨਾਲ-ਨਾਲ ਪ੍ਰਬੰਧਕੀ ਸਕੱਤਰ ਆਪਣੇ ਅਧੀਨ ਆਉਂਦੇ ਅਦਾਰਿਆਂ ਵਿੱਚ ਹੁੰਦੇ ਕੰਮ-ਕਾਜ/ਰਿਕਾਰਡ ਆਦਿ ਦਾ ਵੀ ਨਿਰੀਖਣ ਕਰਨਗੇ। ਪ੍ਰਬੰਧਕੀ ਸਕੱਤਰ ਆਪਣੇ ਅਧੀਨ ਆਉਂਦੇ ਡਾਇਰੈਕਟੋਰੇਟਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਮੁਖੀਆਂ ਤੋਂ ਉਕਤ ਅਨੁਸਾਰ ਹਦਾਇਤਾਂ ਦੀ ਪਾਲਣਾ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ ਅਤੇ ਫੀਲਡ ਵਿੱਚ ਡਵੀਜਨਾਂ ਦੇ ਕਮਿਸ਼ਨਰ ਅਤੇ ਵੱਖ-ਵੱਖ ਵਿਭਾਗਾਂ ਦੇ ਮੁਖੀ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਦਫਤਰਾਂ ਦੇ ਮੁਖੀਆਂ ਦੇ ਦਫਤਰੀ ਸਟਾਫ ਨੂੰ ਚੈੱਕ ਕਰਨ ਲਈ ਜ਼ਿੰਮੇਵਾਰ ਹੋਣਗੇ। ਰਾਜ ਪੱਧਰ ਤੇ ਸਰਕਾਰੀ ਦਫਤਰਾਂ ਵਿੱਚ ਸਮੇਂ-ਸਮੇਂ ਤੇ ਨਿਰੀਖਣਾਂ ਨੂੰ ਜਰੂਰੀ ਬਣਾਇਆ ਜਾਵੇ।

2. ਦਫਤਰੀ ਕੰਮ-ਕਾਜ ਵਿੱਚ ਪਾਰਦਰਸ਼ਤਾ ਲਿਆਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ ਤੇ ਪਾਰਦਰਸ਼ਤਾ ਤਰੀਕੇ ਨਾਲ ਨਿਪਟਾਉਣ ਸਬੰਧੀ ਕਾਰਵਾਈ ਕੀਤੀ ਜਾਵੇ।

3 ਇਹਨਾਂ ਹਦਾਇਤਾਂ ਦੀ ਇੰਨ੍ਹ-ਬਿੰਨ੍ਹ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਵਿਸ਼ਵਾਸਪਾਤਰ

[signature] 20.9.21

ਸੁਪਰਡੰਟ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ, ਪ੍ਰਬੰਧਕੀ ਸਕੱਤਰ ਸਾਹਿਬਾਨਾਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ 20.9.21

ਸੇਵਾ ਵਿਖੇ

ਸਮੂਹ ਵਿਸ਼ੇਸ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ,
ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ:ਵਿ:ਪੱ:ਨੰ : 14/35/17-1ਪੀਪੀ3/ 1023 ਮਿਤੀ, ਚੰਡੀਗੜ੍ਹ : 20-9-2021